# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-03-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਾਬਕਾ ਪ੍ਰਧਾਨ ਮੰਤਰੀਆਂ ਪੀ.ਵੀ ਨਰਸਿਮਹਾ ਰਾਓ ਤੇ ਚੌਧਰੀ ਚਰਨ ਸਿੰਘ, ਖੇਤੀਬਾੜੀ ਵਿਗਿਆਨੀ M.S ਸਵਾਮੀਨਾਥਨ ਅਤੇ ਬਿਹਾਰ ਦੇ ਦੋ ਵਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਨੂੰ ਮਰਨ ਉਪਰੰਤ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਪ੍ਰਦਾਨ ਕੀਤਾ।
- ਭਾਰਤ ਚੋਣ ਕਮਿਸ਼ਨ ਨੇ, ਲੋਕ ਸਭਾ ਅਤੇ ਚਾਰ ਸੂਬਿਆਂ ਦੀਆਂ ਵਿਧਾਨ ਸਭਾਵਾਂ ਚੋਣਾਂ ਲਈ, 19 ਅਪ੍ਰੈਲ ਨੂੰ ਸਵੇਰੇ 7 ਵਜੇ ਤੋਂ ਪਹਿਲੀ ਜੂਨ ਸ਼ਾਮ ਸਾਢੇ 6 ਵਜੇ ਤੱਕ, ਐਗਜ਼ਿਟ ਪੋਲ ਦੇ ਸੰਚਾਲਨ, ਪ੍ਰਕਾਸ਼ਨ ਜਾਂ ਪ੍ਰਚਾਰ 'ਤੇ ਪਾਬੰਦੀ ਲਗਾਈ।
- ਪਟਿਆਲਾ ਦੇ ਡੀਅਰ ਪਾਰਕ ਵਿਖੇ, ਕਾਲੇ ਹਿਰਨ ਸਮੇਤ ਪੰਜ ਹਿਰਨਾਂ ਦੀ ਅਚਾਨਕ ਹੋਈ ਮੌਤ ਨੇ ਕਈ ਸਵਾਲ ਖੜੇ ਕੀਤੇ।

---

ਰਾਸ਼ਟਰਪਤੀ ਭਵਨ ਨਵੀਂ ਦਿੱਲੀ ਵਿਖੇ ਅੱਜ ਆਯੋਜਿਤ ਇੱਕ ਸਮਾਗਮ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਾਬਕਾ ਪ੍ਰਧਾਨ ਮੰਤਰੀਆਂ ਪੀ.ਵੀ ਨਰਸਿਮਹਾ ਰਾਓ ਤੇ ਚੌਧਰੀ ਚਰਨ ਸਿੰਘ, ਖੇਤੀਬਾੜੀ ਵਿਗਿਆਨੀ M.S ਸਵਾਮੀਨਾਥਨ ਅਤੇ ਬਿਹਾਰ ਦੇ ਦੋ ਵਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਨੂੰ ਮਰਨ ਉਪਰੰਤ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਪ੍ਰਦਾਨ ਕੀਤਾ । ਰਾਸ਼ਟਰਪਤੀ ਭਲਕੇ ਨਵੀਂ ਦਿੱਲੀ ਵਿੱਚ ਸਾਬਕਾ ਉਪ ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਲਾਲ ਕ੍ਰਿਸ਼ਨ ਅਡਵਾਨੀ ਨੂੰ 'ਭਾਰਤ ਰਤਨ' ਪੁਰਸਕਾਰ ਪ੍ਰਦਾਨ ਕਰਨਗੇ । ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ, ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਹੋਰ ਪਤਵੰਤੇ ਵੀ ਇਸ ਸਮਾਗਮ ਵਿਚ ਮੌਜੂਦ ਰਹੇ ।

----------------------------------------------------------

ਭਾਰਤੀ ਚੋਣ ਕਮਿਸ਼ਨ ਨੇ, ਲੋਕ ਸਭਾ ਅਤੇ ਚਾਰ ਸੂਬਿਆਂ ਦੀਆਂ ਵਿਧਾਨ ਸਭਾਵਾਂ ਚੋਣਾਂ ਲਈ ਵੋਟਾਂ ਪੈਣ ਸਮੇਂ 19 ਅਪ੍ਰੈਲ ਨੂੰ ਸਵੇਰੇ 7 ਵਜੇ ਤੋਂ ਪਹਿਲੀ ਜੂਨ ਸ਼ਾਮ ਸਾਢੇ 6 ਵਜੇ ਤੱਕ ਐਗਜ਼ਿਟ ਪੋਲ ਦੇ ਸੰਚਾਲਨ, ਪ੍ਰਕਾਸ਼ਨ ਜਾਂ ਪ੍ਰਚਾਰ 'ਤੇ ਪਾਬੰਦੀ ਲਗਾ ਦਿੱਤੀ ਏ । ਚੋਣ ਕਮਿਸ਼ਨ ਵਲੋਂ ਜਾਰੀ ਇਕ ਨੋਟੀਫਿਕੇਸ਼ਨ ਵਿਚ ਇਹ ਵੀ ਸਪੱਸ਼ਟ ਕੀਤਾ ਗਿਆ ਏ, ਕਿ 'ਲੋਕ ਨੁਮਾਇੰਦਗੀ ਐਕਟ ਦੇ ਉਪਬੰਧਾਂ ਤਹਿਤ 48 ਘੰਟਿਆਂ ਦੌਰਾਨ, ਕਿਸੇ ਵੀ ਇਲੈਕਟ੍ਰਾਨਿਕ ਮੀਡੀਆ ਵਿਚ, ਕਿਸੇ ਵੀ ਓਪੀਨੀਅਨ ਪੋਲ ਜਾਂ ਕਿਸੇ ਹੋਰ ਚੋਣ ਸਰਵੇਖਣ ਦੇ ਨਤੀਜਿਆਂ ਸਮੇਤ, ਕਿਸੇ ਵੀ ਚੋਣ ਮਾਮਲੇ ਨੂੰ ਪ੍ਰਦਰਸ਼ਿਤ ਕਰਨ ਦੀ ਮਨਾਹੀ ਹੋਵੇਗੀ । ਲੋਕ ਸਭਾ ਚੋਣਾਂ ਤੋਂ ਇਲਾਵਾ, ਆਂਧਰਾ ਪ੍ਰਦੇਸ਼, ਅਰੁਣਾਚਲ ਪ੍ਰਦੇਸ਼, ਓਡੀਸ਼ਾ ਅਤੇ ਸਿੱਕਮ ਦੀਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਹੋਣ ਜਾ ਰਹੀਆਂ ਨੇ । ਇਸ ਦੌਰਾਨ 12 ਸੂਬਿਆਂ ਦੇ 25 ਵਿਧਾਨ ਸਭਾ ਹਲਕਿਆਂ ਲਈ ਜ਼ਿਮਨੀ ਚੋਣ ਵੀ ਹੋ ਰਹੀ ਏ ।

---

ਪੰਜਾਬ ਸਰਕਾਰ ਛੇਤੀ ਹੀ ਦੋ ਹੋਰ ਟੋਲ ਪਲਾਜ਼ੇ ਬੰਦ ਕਰਨ ਜਾ ਰਹੀ ਏ । ਇਸ ਗੱਲ ਦਾ ਐਲਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਕੀਤਾ ਏ । ਉਨ੍ਹਾਂ ਦੱਸਿਆ ਕਿ ਲੁਧਿਆਣਾ ਤੋਂ ਬਰਨਾਲਾ ਵਾਇਆ ਸੁਧਾਰ ਰਾਏਕੋਟ ਮਹਿਲ ਕਲਾਂ ਤੱਕ ਦੋ ਟੋਲ ਪਲਾਜ਼ੇ ਨੇ । ਇਨ੍ਹਾਂ ਵਿੱਚੋਂ ਇੱਕ ਟੋਲ ਪਲਾਜ਼ਾ ਪਿੰਡ ਰਕਬਾ ਨੇੜੇ ਮੁੱਲਾਂਪੁਰ ਅਤੇ ਦੂਜਾ ਪਿੰਡ ਮਹਿਲ ਕਲਾਂ ਨੇੜੇ ਏ । ਇਹ ਦੋਵੇਂ ਟੋਲ ਪਲਾਜ਼ਾ ਇੱਕੋ ਹੀ ਕੰਪਨੀ ਦੇ ਨੇ ।

---

ਜਲੰਧਰ ਦੇ ਸਾਬਕਾ ਮੇਅਰ ਅਤੇ BJP ਦੇ ਸੂਬਾ ਜਨਰਲ ਸਕੱਤਰ Rakesh ਰਾਠੌਰ ਨੇ ਅੱਜ ਆਪਣੇ ਸਾਥੀਆਂ ਸਮੇਤ ਸੁਸ਼ੀਲ ਕੁਮਾਰ ਰਿੰਕੂ ਨੂੰ ਵਿਸ਼ਵ ਦੀ ਸਭ ਤੋਂ ਵੱਡੀ ਜਮਹੂਰੀ ਪਾਰਟੀ ਭਾਰਤੀ ਜਨਤਾ ਪਾਰਟੀ ਦੇ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ, ਉਨ੍ਹਾਂ ਦੇ ਨਿਵਾਸ ਸਥਾਨ 'ਤੇ ਵਧਾਈ ਦਿੱਤੀ। BJP ਦੇ ਸਾਬਕਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਅਤੇ ਲੋਕ ਸਭਾ ਜਲੰਧਰ ਦੇ ਕਨਵੀਨਰ ਰਮਨ ਪੱਬੀ ਸਮੇਤ ਹੋਰ ਆਗੂ

ਵੀ ਉਨਾਂ ਨਾਲ ਮੌਜੂਦ ਰਹੇ। ਰਾਕੇਸ਼ ਰਾਠੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਅੱਜ ਭਾਰਤੀ ਜਨਤਾ ਪਾਰਟੀ ਦੁਨੀਆਂ ਦੀ ਸਭ ਤੋਂ ਵੱਡੀ ਲੋਕਤੰਤਰੀ ਪਾਰਟੀ ਬਣ ਗਈ ਏ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਉਹ ਜਲੰਧਰ ਜ਼ਿਲ੍ਹੇ ਦੇ ਉਦਯੋਗਪਤੀਆਂ, ਨੌਜਵਾਨਾਂ, ਕਿਸਾਨਾਂ, ਵਪਾਰੀਆਂ ਅਤੇ ਵੱਡੀਆਂ ਸਮਾਜ ਸੇਵੀ ਸੰਸਥਾਵਾਂ ਨੂੰ, ਭਾਰਤੀ ਜਨਤਾ ਪਾਰਟੀ ਨਾਲ ਜੋੜ ਕੇ ਪਾਰਟੀ ਦਾ ਆਧਾਰ ਮਜ਼ਬੂਤ ਕਰਨਗੇ।

---------------------------------------------------------------

C.P.I.M. ਦੇ ਨੂਰਮਹਿਲ ਦਫ਼ਤਰ ਵਿਖੇ, ਪਾਰਟੀ ਦੀ ਜ਼ਿਲ੍ਹਾ ਜਲੰਧਰ - ਕਪੂਰਥਲਾ ਦੇ ਮੇਮ੍ਬਰਾਂ ਦੀ ਜਨਰਲ ਬਾਡੀ ਦੀ ਮੀਟਿੰਗ ਗੁਰਮੇਲ ਸਿੰਘ ਨਾਹਲ, ਪਿਆਰਾ ਸਿੰਘ ਲਸਾੜਾ ਅਤੇ ਮੂਲ ਚੰਦ ਸਰ-ਹਾਲੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪਾਰਟੀ ਦੀ ਕੇਂਦਰੀ ਕਮੇਟੀ ਨੇ ਦੇਸ਼ ਅੰਦਰ ਲੋਕ ਸਭਾ ਚੋਣਾਂ ਲਈ 44 ਪਾਰਟੀ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਏ। ਲੋਕ ਸਭਾ ਹਲਕਾ ਜਲੰਧਰ ਤੋਂ

ਪਾਰਟੀ ਦੇ ਉਮੀਦਵਾਰ ਪਰਸ਼ੋਤਮ ਲਾਲ ਬਿਲਗਾ ਹੋਣਗੇ। ਉਨਾਂ ਕਿਹਾ ਕਿ ਪਰਸ਼ੋਤਮ ਲਾਲ ਬਿਲਗਾ ਦੇ ਹੱਕ ਵਿੱਚ ਚੋਣ ਮੁਹਿੰਮ ਨੂੰ ਤੇਜ਼ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਏ। ਉਨਾਂ ਦੱਸਿਆ ਕਿ ਹਲਕਾ ਜਲੰਧਰ ਤੋਂ ਚੋਣ ਮੁਹਿੰਮ ਕਮੇਟੀ ਦੇ ਸੰਚਾਲਨ ਲਈ ਸੁਖਪ੍ਰੀਤ ਸਿੰਘ ਜੌਹਲ ਨੂੰ ਕਨਵੀਨਰ ਬਣਾਇਆ ਗਿਆ ਏ ਅਤੇ ਇਸੇ ਤਰ੍ਹਾਂ ਚੋਣ ਮੁਹਿੰਮ ਚਲਾਉਣ ਲਈ, ਵਿਧਾਨ ਸਭਾ ਹਲਕਿਆਂ ਅਨੁਸਾਰ ਹੋਰ ਕਮੇਟੀਆਂ ਦਾ ਗਠਨ ਛੇਤੀ ਹੀ ਕੀਤਾ ਜਾਵੇਗਾ।

---------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੱਖ-ਵੱਖ ਜ਼ਿਲ੍ਹਿਆਂ ਦੇ ਅਧਿਕਾਰੀਆਂ ਨੇ ਲੋਕਾਂ ਨੂੰ ਆਪਣੇ ਲਾਇਸੰਸੀ ਹਥਿਆਰ ਨਜ਼ਦੀਕੀ ਪੁਲਿਸ ਸਟੇਸ਼ਨ ਜਾਂ ਅਧਿਕਾਰਤ ਅਸਲਾ ਡੀਲਰ ਕੋਲ ਜਮ੍ਹਾ ਕਰਵਾਉਣ ਦੇ ਨਿਰਦੇਸ਼ ਦਿੱਤੇ ਨੇ । ਸਰਕਾਰੀ ਅੰਕੜਿਆਂ ਅਨੁਸਾਰ ਇਸ ਵੇਲੇ ਸੂਬੇ ਵਿੱਚ 2 ਲੱਖ 38 ਹਜ਼ਾਰ ਅਸਲਾ ਲਾਇਸੈਂਸ ਜਾਰੀ ਨੇ।

***ਵੇਰਵੇ ਨਾਲ ਇਹ ਰਿਪੋਰਟ:ਡਿਸਪੈਚ: ਸੂਬੇ ਵਿੱਚ ਜਾਰੀ ਕੀਤੇ ਗਏ ਅਸਲਾ ਲਾਇਸੈਂਸਾਂ ਦੇ ਆਧਾਰ 'ਤੇ, ਲੋਕਾਂ ਕੋਲ ਇਸ***

*ਸਮੇਂ 2 ਲੱਖ 87 ਹਜ਼ਾਰ ਵੱਖ-ਵੱਖ ਕਿਸਮਾਂ ਦੇ ਹਥਿਆਰ ਮੌਜੂਦ ਨੇ । ਸਭ ਤੋਂ ਵੱਧ 26 ਹਜ਼ਾਰ 229 ਹਥਿਆਰ ਬਠਿੰਡਾ ਜ਼ਿਲ੍ਹੇ ਵਿੱਚ ਨੇ । ਹਥਿਆਰ ਰੱਖਣ ਦੇ ਮਾਮਲੇ 'ਚ ਔਰਤਾਂ ਵੀ ਪਿੱਛੇ ਨਹੀਂ ਨੇ ਅਤੇ ਵੱਖ ਵੱਖ ਕਿਸਮ ਦੇ 4,328 ਹਥਿਆਰ ਔਰਤਾਂ ਦੇ ਨਾਂ 'ਤੇ ਰਜਿਸਟਰਡ ਨੇ । ਪਟਿਆਲਾ ਜ਼ਿਲ੍ਹੇ ਵਿੱਚ ਸਭ ਤੋਂ ਵੱਧ 453 ਹਥਿਆਰ ਔਰਤਾਂ ਦੇ ਨਾਮ ਤੇ ਦਰਜ਼ ਨੇ । ਅਸਲਾ ਐਕਟ ਅਨੁਸਾਰ ਇਕ ਲਾਇਸੈਂਸ 'ਤੇ ਦੋ ਹਥਿਆਰ ਰੱਖੇ ਜਾ ਸਕਦੇ ਨੇ ਅਤੇ ਕੋਈ ਸੱਠ ਹਜ਼ਾਰ ਅਜਿਹੇ ਲਾਇਸੰਸਧਾਰੀ ਨੇ ਜਿਨ੍ਹਾਂ ਕੋਲ ਦੋ-ਦੋ ਹਥਿਆਰ ਨੇ । ਹੁਣ ਸਾਰੇ ਜ਼ਿਲ੍ਹਾ ਅਧਿਕਾਰੀਆਂ ਨੇ ਇਨ੍ਹਾਂ ਹਥਿਆਰਾਂ ਨੂੰ ਤੁਰੰਤ ਪੁਲੀਸ ਜਾਂ ਅਧਿਕਾਰਤ ਅਸਲਾ ਡੀਲਰਾਂ ਕੋਲ ਜਮ੍ਹਾਂ ਕਰਵਾਉਣ ਦੇ ਹੁਕਮ ਦਿੱਤੇ ਨੇ । ਇਹ ਹੁਕਮ ਚੋਣ ਪ੍ਰਕ੍ਰਿਆ ਪੂਰੀ ਹੋਣ ਤਕ ਲਾਗੂ ਰਹਿਣਗੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ ।*

---------------------------------------------------------------------

ਲੁਧਿਆਣਾ ਦੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਨੇ ਜ਼ਿਲ੍ਹੇ ਦੇ ਕੁਝ ਖੇਤਰਾਂ ਵਿੱਚ ਪੋਲਿੰਗ ਸਟੇਸ਼ਨਾਂ ਦੀਆਂ ਇਮਾਰਤਾਂ ਬਦਲਣ

ਦੀਆਂ ਤਜਵੀਜ਼ਾਂ ਸਬੰਧੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕਲ ਇਕ ਮੀਟਿੰਗ ਕੀਤੀ। ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ, ਉਨਾਂ ਲੁਧਿਆਣਾ ਕੇਂਦਰੀ ਹਲਕੇ ਵਿੱਚ ਨੰਬਰ 44 ਅਤੇ 45 ਦੇ ਪੋਲਿੰਗ ਸਟੇਸ਼ਨ ਦੀ ਇਮਾਰਤ ਨੂੰ ਬਦਲਣ ਦੀ ਤਜਵੀਜ਼ 'ਤੇ ਚਰਚਾ ਕੀਤੀ। ਮੀਟਿੰਗ ਵਿੱਚ ਆਮ ਆਦਮੀ ਪਾਰਟੀ , BJP, ਕਾਂਗਰਸ, ਬਸਪਾ ਸਮੇਤ ਹੋਰ ਪਾਰਟੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਅਮਿਤ ਸਰੀਨ ਨੇ ਕਿਹਾ ਕਿ ਇਸ ਬਾਰੇ ਸਿਆਸੀ ਪਾਰਟੀਆਂ ਤੋਂ ਕੋਈ ਇਤਰਾਜ਼ ਪ੍ਰਾਪਤ ਨਹੀਂ ਹੋਇਆ ਏ। ਮੀਟਿੰਗ ਦੌਰਾਨ ਇਨਾ ਇਮਾਰਤਾਂ ਦੇ 23 ਪੋਲਿੰਗ ਸਟੇਸ਼ਨਾਂ ਦੇ ਨਾਵਾਂ ਵਿੱਚ ਕੀਤੀਆਂ ਗਈਆਂ ਮਾਮੂਲੀ ਤਬਦੀਲੀਆਂ ਬਾਰੇ ਵੀ ਚਰਚਾ ਹੋਈ। ਇਸ ਦੌਰਾਨ ਜ਼ਿਲ੍ਹਾ ਅਤੇ ਪੁਲਿਸ ਪ੍ਰਸ਼ਾਸਨ ਨੇ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

---

ਚੋਣ ਕਮਿਸ਼ਨ ਦੇ ਨਿਰਦੇਸ਼ਾਂ ਕਿ ‘ਕੋਈ ਵੀ ਵੋਟਰ ਪਿੱਛੇ ਨਾ ਰਹਿ ਜਾਵੇ, ਨੂੰ ਲਾਗੂ ਕਰਨ ਲਈ ਮੋਹਾਲੀ ਜ਼ਿਲੇ ਦੇ ਜ਼ਿਲ੍ਹਾ ਚੋਣ ਅਧਿਕਾਰੀ ਆਸ਼ਿਕਾ ਜੈਨ ਨੇ ਸਾਰੇ ਹੀ ਜ਼ਿਲ੍ਹਾ ਨਿਵਾਸੀਆਂ ਨੂੰ ਅੱਗੇ ਆਉਣ ਅਤੇ ਨਵੀਂ ਵੋਟ ਲਈ ਆਨਲਾਈਨ ਜਾਂ ਆਫ਼ਲਾਈਨ ਰਜਿਸਟ੍ਰੇਸ਼ਨ ਕਰਨ ਲਈ ਪ੍ਰੇਰਿਤ ਕੀਤਾ ਏ। ਉਨ੍ਹਾਂ ਕਿਹਾ ਕਿ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਆਖਰੀ ਤਰੀਕ 4 ਮਈ ਏ। ਉਨਾਂ ਦੱਸਿਆ ਕਿ ਪਹਿਲੀ ਅਪ੍ਰੈਲ ਨੂੰ 18 ਸਾਲ ਜਾਂ ਇਸ ਤੋਂ ਵੱਧ ਉਮਰ ਦਾ ਕੋਈ ਵੀ ਵਿਅਕਤੀ ਆਉਂਦੀਆਂ ਲੋਕ ਸਭਾ ਚੋਣਾਂ ਲਈ ਵੋਟਰ ਬਣਨ ਦੇ ਯੋਗ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਵਸਨੀਕ ਨਵੇਂ ਵੋਟਰ ਵਜੋਂ ਰਜਿਸਟਰ ਹੋਣ ਲਈ ਅਰਜ਼ੀਆਂ ਜਮ੍ਹਾਂ ਕਰਵਾਉਣ ਸਮੇਤ ਹੋਰ ਵੱਖ-ਵੱਖ ਸੇਵਾਵਾਂ ਤੱਕ ਪਹੁੰਚ ਕਰਨ ਲਈ, ਆਨਲਾਈਨ ਵੋਟਰ ਸੇਵਾ ਪੋਰਟਲ ਅਤੇ ਵੋਟਰ ਹੈਲਪਲਾਈਨ ਮੋਬਾਈਲ ਐਪ ਦੀ ਮਦਦ ਲੈ ਸਕਦੇ ਨੇ।

---

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ

ਹੇਠ ਸਵੀਪ ਟੀਮ ਨੇ ਐਸ.ਐਸ.ਡੀ ਗਰਲਜ਼ ਕਾਲਜ ਵਿਖੇ ਵੋਟਰ ਜਾਗਰੂਕਤਾ ਸਬੰਧੀ ਸੈਮੀਨਾਰ ਆਯੋਜਿਤ ਕੀਤਾ । ਕਾਲਜ ਦੇ ELC ਇੰਚਾਰਜ਼ ਪ੍ਰੋ: ਤ੍ਰਿਪਤਾ ਰਾਣੀ ਨੇ 18 ਸਾਲ ਦੇ ਨੌਜਵਾਨ ਵਿਦਿਆਰਥੀਆਂ ਨੂੰ ਨਵੀ ਵੋਟ ਬਣਾਉਣ ਲਈ ਉਤਸਾਹਿਤ ਕੀਤਾ ਅਤੇ ਵੋਟ ਦੀ ਮੱਹਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ । ਮੁੱਖ ਬੁਲਾਰੇ ਗੁਰਬਖਸ਼ ਲਾਲ ਅਤੇ ਸਵੀਪ ਟੀਮ ਮੈਬਰ ਨੇ ਵਿਦਿਆਰਥੀਆਂ ਨੂੰ ਵੋਟ ਬਣਾਉਣ ਤੇ ਭਾਰਤੀ ਲੋਕਤੰਤਰ ਨੂੰ ਮਜਬੂਤ ਬਣਾਉਣ ਲਈ ਜਾਗਰੂਕ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਵਿਦਿਆਰਥੀਆਂ ਨੂੰ ਵੋਟਰ ਹੈਲਪ ਲਾਈਨ, ਸੀ-ਵੀਜ਼ਲ ਐਪ ਅਤੇ ਕੇ.ਵਾਈ.ਸੀ ਐਪ ਸਬੰਧੀ ਜਾਣਕਾਰੀ ਵੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਦੇ ਕੁਇਜ਼ ਮੁਕਾਬਲੇ ਕਰਵਾਏ ਗਏ ਅਤੇ ਜੇਤੂਆਂ ਨੂੰ ਇਨਾਮ ਦਿੱਤੇ ਗਏ। ਕੋਈ 30 ਵਿਦਿਆਰਥੀਆਂ ਦੀ ਨਵੀ ਵੋਟ ਬਣਾਈ ਗਈ।

---------------------------------------------------

ਪਟਿਆਲਾ ਦੇ ਡਕਾਲਾ ਰੋਡ ਸਥਿਤ ਡੀਅਰ ਪਾਰਕ ਵਿਖੇ ਕਾਲੇ ਹਿਰਨ ਸਮੇਤ ਪੰਜ ਹਿਰਨਾਂ ਦੀ ਹੋਈ ਅਚਾਨਕ ਮੌਤ ਨੇ ਕਈ ਸਵਾਲ ਖੜੇ ਕੀਤੇ

ਨੇ। ਅਚਾਨਕ ਹਿਰਨਾਂ ਨੂੰ ਕੀ ਹੋਇਆ, ਕੋਈ ਬਿਮਾਰੀ ਹੋਈ ਜਾ ਕਿਸੇ ਹੋਰ ਕਾਰਨ ਕਰਕੇ ਮੌਤ ਹੋਈ ਇਸ ਬਾਰੇ ਜਾਂਚ ਕੀਤੀ ਜਾਵੇਗੀ । ਛੱਤਬੀੜ ਚਿੜੀਆਘਰ ਦੇ ਅਧਿਕਾਰੀਆਂ ਨੂੰ ਵੀ ਬੁਲਾਇਆ ਗਿਆ ਅਤੇ ਹਿਰਨਾਂ ਦੀ ਮੌਤ ਦੇ ਕਾਰਨ ਲੱਭੇ ਜਾ ਰਹੇ ਨੇ । ਜ਼ਿਲਾ ਜੰਗਲਾਤ ਅਫ਼ਸਰ ਰਾਜਨ ਗੁਪਤਾ ਨੇ ਕਿਸੇ ਸੰਕ੍ਰਮਣ ਕਾਰਣ ਹਿਰਨਾਂ ਦੀ ਮੌਤ ਹੋਣ ਦਾ ਖ਼ਦਸ਼ਾ ਜਾਹਰ ਕੀਤਾ ਏ। ਹੁਣ ਸਾਵਧਾਨੀ ਵਜੋਂ ਡੀਅਰ ਪਾਰਕ 'ਚ ਇੱਕ ਵੱਖਰਾ ਯਾਰਡ ਬਣਾ ਦਿੱਤਾ ਗਿਆ ਏ, ਜਿੱਥੇ ਸੁਸਤ ਜਾਂ ਥੋੜੇ ਬਿਮਾਰ ਲੱਗ ਰਹੇ ਹਿਰਨਾਂ ਨੂੰ ਰੱਖਿਆ ਜਾ ਰਿਹਾ ਏ। ਉਨਾਂ ਦਸਿਆ ਕਿ ਮਰੇ ਹਿਰਨਾਂ ਦਾ ਡਾਟਾ ਲੈਬ ਰਿਪੋਰਟ ਲਈ ਭੇਜਿਆ ਗਿਆ ਅਤੇ ਲੈਬ ਰਿਪੋਰਟ ਦੇ ਬਾਅਦ ਹੀ, ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ । ਰਾਜਨ ਗੁਪਤਾ ਨੇ ਦੱਸਿਆ ਕਿ ਗੁਰੂ ਅੰਗਦ ਦੇਵ ਵੈਟਰਨਰੀ ਤੇ ਐਨੀਮਲ ਸਾਇੰਸ ਯੂਨੀਵਰਸਿਟੀ ਦੇ ਮਾਹਿਰਾਂ ਦੀ ਟੀਮ ਵੀ ਛੇਤੀ ਹੀ ਜਾਂਚ ਕਰਕੇ ਲੈਬ ਰਿਪੋਰਟ ਤਿਆਰ ਕਰੇਗੀ। ਸਾਡੇ ਪਤਰਕਾਰ ਰਾਓ ਵਰਿੰਦਰ ਸਿੰਘ ਅਨੁਸਾਰ ਹਿਰਨਾਂ ਦੀ ਮੌਤ ਕਾਰਨ ਡੀਅਰ ਪਾਰਕ ਆਉਣ ਵਾਲੇ ਲੋਕਾਂ ਵਿਚ ਉਦਾਸੀ ਦੇਖੀ ਜਾ ਰਹੀ ਏ।

-------------------------------------------------------

ਦੇਸ਼ ਭਗਤ ਯੂਨੀਵਰਸਿਟੀ ਦੇ ਐਗਰਿਮ ਕਲੱਬ ਆਫ਼ ਐਗਰੀਕਲਚਰ ਐਂਡ ਲਾਈਫ ਸਾਇੰਸਜ਼ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ PAU ਕ੍ਰਿਸ਼ੀ ਵਿਗਿਆਨ ਕੇਂਦਰ ਫ਼ਤਹਿਗੜ੍ਹ ਸਾਹਿਬ ਦੇ ਸਹਿਯੋਗ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਇਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਇਸ ਦਾ ਉਦੇਸ਼ ਕਿਸਾਨਾਂ ਅਤੇ ਵਿਦਿਆਰਥੀਆਂ ਨੂੰ ਖੇਤੀ ਅਭਿਆਸਾਂ ਬਾਰੇ ਸਿੱਖਿਅਤ ਤੇ ਉਤਸ਼ਾਹਿਤ ਕਰਨਾ ਰਿਹਾ। ਡੀਨ ਡਾ. ਐਚ.ਕੇ.ਸਿੱਧੂ ਨੇ ਹਾਜ਼ਰ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ। ਪੀ ਏ ਯੂ ਵਿਖੇ ਐਸੋਸੀਏਟ ਡਾਇਰੈਕਟਰ ਟ੍ਰੇਨਿੰਗ ਡਾ. ਵਿਪਨ ਕੁਮਾਰ ਨੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ। ਬਾਗਬਾਨੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ: ਅਰਵਿੰਦਪ੍ਰੀਤ ਕੋਰ ਨੇ ਸਬਜ਼ੀਆਂ ਦੀ ਪੈਦਾਵਾਰ ਵਿੱਚ ਝੋਨੇ ਦੀ ਪਰਾਲੀ ਦੀ ਵਰਤੋਂ 'ਤੇ ਜ਼ੋਰ ਦਿੱਤਾ। ਭੂਮੀ ਵਿਗਿਆਨ ਦੇ ਸਹਾਇਕ ਪ੍ਰੋਫੈਸਰ ਡਾ: ਅਜੇ ਕੁਮਾਰ ਨੇ ਮਿੱਟੀ ਅਤੇ ਮਿੱਟੀ ਪਰਖ ਦੀ ਮਹੱਤਤਾ 'ਤੇ ਚਾਨਣਾ ਪਾਇਆ ਜਦਕਿ ਹੋਮ ਸਾਇੰਸਜ਼ ਦੇ ਸਹਾਇਕ

ਪ੍ਰੋਫ਼ੈਸਰ ਡਾ: ਮਨੀਸ਼ਾ ਭਾਟੀਆ ਨੇ ਸਬੰਧਤ ਪਹਿਲੂਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

---------------------------------------------------------------------

ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਬੀਤੀ ਦੇਰ ਰਾਤ ਹਨੇਰੀ ਝੱਖੜ ਝੁਲਿਆ ਅਤੇ ਹਲਕੇ ਤੋਂ ਭਾਰੀ ਮੀਂਹ ਪਿਆ। ਇਸ ਨਾਲ ਜਲੰਧਰ ਸਮੇਤ ਕਈ ਸ਼ਹਿਰਾਂ ਦੇ ਅਨੇਕਾਂ ਇਲਾਕਿਆਂ ਵਿਚ ਅੱਜ ਕਈ ਘੰਟਿਆਂ ਤਕ ਬਿਜਲੀ ਸਪਲਾਈ ਪ੍ਰਭਾਵਤ ਰਹੀ। ਬਿਜਲੀ ਗੁਲ ਹੋਣ ਨਾਲ ਸਵੇਰ ਸਮੇਂ ਕਈ ਇਲਾਕਿਆਂ ਵਿਚ ਪੀਣ ਵਾਲੇ ਪਾਣੀ ਦੀ ਸਪਲਾਈ ਵਿਚ ਵੀ ਰੁਕਾਵਟ ਆਈ। ਕੋਈ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ ਹਵਾਵਾਂ ਵਗਦੀਆਂ ਰਹੀਆਂ ਜਿਸ ਨਾਲ ਕੁਝ ਥਾਵਾਂ ਤੇ ਰੁੱਖ ਵੀ ਉੱਖੜ ਗਏ। ਲੁਧਿਆਣਾ ਵਿਚ ਸਬ ਤੋਂ ਵੱਧ ਮੀਂਹ 15.4 ਮਿਲੀ-ਮੀਟਰ ਦਰਜ਼ ਕੀਤਾ ਗਿਆ ਜਦਕਿ ਗੁਰਦਾਸਪੁਰ ਵਿਚ 10.5 ਅਤੇ ਮੋਗਾ ਜ਼ਿਲੇ ਵਿਚ 10 ਮਿਲੀ-ਮੀਟਰ ਮੀਂਹ ਪਿਆ ਏ। ਮੌਸਮ ਵਿਭਾਗ ਨੇ ਕਈ ਜ਼ਿਲਿਆਂ ਲਈ ਯੈਲੋ ਅਲਰਟ ਜਾਰੀ ਕਰਦਿਆਂ ਕਿਸਾਨਾਂ ਨੂੰ

ਆਪਣੀ ਵੱਡੀ ਗਈ ਫਸਲ ਨੂੰ ਸੁਰੱਖਿਅਤ ਥਾਵਾਂ ਤੇ ਰੱਖਣ ਦੀ ਸਲਾਹ ਦਿੱਤੀ ਏ।

---------------------------------------------------------------

<u>**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**</u>

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਾਬਕਾ ਪ੍ਰਧਾਨ ਮੰਤਰੀਆਂ ਪੀ.ਵੀ ਨਰਸਿਮਹਾ ਰਾਓ ਤੇ ਚੌਧਰੀ ਚਰਨ ਸਿੰਘ, ਖੇਤੀਬਾੜੀ ਵਿਗਿਆਨੀ M.S ਸਵਾਮੀਨਾਥਨ ਅਤੇ ਬਿਹਾਰ ਦੇ ਦੋ ਵਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਨੂੰ ਮਰਨ ਉਪਰੰਤ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਪ੍ਰਦਾਨ ਕੀਤਾ।
- ਭਾਰਤ ਚੋਣ ਕਮਿਸ਼ਨ ਨੇ, ਲੋਕ ਸਭਾ ਅਤੇ ਚਾਰ ਸੂਬਿਆਂ ਦੀਆਂ ਵਿਧਾਨ ਸਭਾਵਾਂ ਚੋਣਾਂ ਲਈ, 19 ਅਪ੍ਰੈਲ ਨੂੰ ਸਵੇਰੇ 7 ਵਜੇ ਤੋਂ ਪਹਿਲੀ ਜੂਨ ਸ਼ਾਮ ਸਾਢੇ 6 ਵਜੇ ਤੱਕ, ਐਗਜ਼ਿਟ ਪੋਲ ਦੇ ਸੰਚਾਲਨ, ਪ੍ਰਕਾਸ਼ਨ ਜਾਂ ਪ੍ਰਚਾਰ 'ਤੇ ਪਾਬੰਦੀ ਲਗਾਈ।
- ਪਟਿਆਲਾ ਦੇ ਡੀਅਰ ਪਾਰਕ ਵਿਖੇ, ਕਾਲੇ ਹਿਰਨ ਸਮੇਤ ਪੰਜ ਹਿਰਨਾਂ ਦੀ ਅਚਾਨਕ ਹੋਈ ਮੌਤ ਨੇ ਕਈ ਸਵਾਲ ਖੜੇ ਕੀਤੇ।